**Students Got First Position in Gian Parchand Quiz Competition Organised by Shiromani Gurdwara Parbhandhak Committee**

On February 27, 2025, students from Sri Guru Tegh Bahadur Khalsa College accomplished a noteworthy accomplishment by taking first place in the esteemed Religious Quiz Competition, which was hosted by the Directorate of Education, SGPC, Amritsar. The team displayed exceptional academic brilliance and dedication, showcasing a deep understanding of Sikh history, scriptures, and principles. They received a ₹1,00,000 cash award for their victory, which made the institution proud and well-known. As a testament to the college's dedication to advancing moral and religious education among young people, the faculty and administration praised the students' accomplishment and complimented them on their hard work.



# ਗਿਆਨ ਪ੍ਰਚੰਡ ਪ੍ਰਸ਼ਨੋਤਰੀ ਮੁਕਾਬਲਿਆਂ 'ਚ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੀ ਟੀਮ ਨੇ ਜਿੱਤਿਆ ਪਹਿਲਾ ਸਥਾਨ

## ਸ਼੍ਰੋਮਣੀ ਕਮੇਟੀ ਵੱਲੋਂ ਕਾਲਜ ਨੂੰ ਇਕ ਲੱਖ ਰੁਪਏ ਦੇ ਨਗਦ ਇਨਾਮ ਨਾਲ ਨਿਵਾਜਿਆ ਗਿਆ



**ਸ੍ਰੀ ਅਨੰਦਪੁਰ ਸਾਹਿਬ, 27 ਫਰਵਰੀ (ਚਾਨਾ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਡਾਇਰੈਕਟੋਰੇਟ ਆਫ ਐਜੂਕੇਸ਼ਨ ਵੱਲੋਂ ਗਿਆਨ ਪ੍ਰਚੰਡ ਪ੍ਰਸ਼ਨੋਤਰੀ ਮੁਕਾਬਲੇ ਕਰਵਾਏ ਗਏ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲਣ ਵਾਲੇ ਕਾਲਜਾਂ ਦੇ ਵਿਦਿਆਰਥੀਆਂ ਵੱਲੋਂ ਇਹਨਾਂ ਮੁਕਾਬਲਿਆਂ ਵਿੱਚ ਭਾਗ ਲਿਆ ਗਿਆ ਸੀ। ਵੱਖ ਵੱਖ ਰਾਊਂਡ ਪਾਸ ਕਰਨ ਤੋਂ ਬਾਅਦ ਜੇਤੂ ਟੀਮਾਂ ਸੈਮੀਫਾਈਨਲ ਵਿੱਚ ਪਹੁੰਚੀਆਂ ਅਤੇ ਉਸ ਉਪਰੰਤ ਅੱਜ ਫਤਿਹਗੜ੍ਹ ਸਾਹਿਬ ਵਿਖੇ ਫਾਈਨਲ ਮੁਕਾਬਲੇ ਕਰਵਾਏ ਗਏ ਜਿਨਾਂ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੀ ਟੀਮ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਵੱਡੀ ਜਿੱਤ ਦਰਜ ਕੀਤੀ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜੇਤੂ ਕਾਲਜ ਨੂੰ ਇਕ ਲੱਖ ਰੁਪਏ ਦਾ ਨਕਦ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਗੌਰਤਲਬ ਹੈ ਕਿ ਵੱਖ-ਵੱਖ ਰਾਊਂਡ ਪਾਰ ਕਰਨ ਉਪਰੰਤ ਅੱਜ ਫਾਈਨਲ ਮੁਕਾਬਲਿਆਂ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ , ਮਾਤਾ ਗੁਜਰੀ ਕਾਲਜ ਫਤਿਹਗੜ੍ਹ ਸਾਹਿਬ, ਬੱਬਰ ਅਕਾਲੀ ਮੈਮੋਰੀਅਲ ਖਾਲਸਾ ਕਾਲਜ ਗੜ੍ਹਸ਼ੰਕਰ ਅਤੇ ਖਾਲਸਾ ਕਾਲਜ ਧਾਮੂ ਮਾਜਰਾ (ਬੀ.ਐਡ ਕਾਲਜ) ਦੀਆਂ ਟੀਮਾਂ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਬਾਕੀਆਂ ਸਾਰੀਆਂ ਟੀਮਾਂ ਨੂੰ ਪਛਾੜਦਿਆਂ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਵੱਲੋਂ ਅੱਜ ਇਹਨਾਂ ਮੁਕਾਬਲਿਆਂ ਵਿੱਚ ਪਹਿਲਾ ਸਥਾਨ ਪ੍ਰਾਪਤ ਕਰਕੇ ਕਾਲਜ ਅਤੇ ਇਲਾਕੇ ਦਾ ਨਾਂ ਰੌਸ਼ਨ ਕੀਤਾ ਗਿਆ। ਕਾਲਜ ਦੀ ਇਸ ਪ੍ਰਾਪਤੀ ਤੇ ਕਾਲਜ ਦੇ ਆਨਰੇਰੀ ਸਕੱਤਰ ਡਾ. ਦਲਜੀਤ ਸਿੰਘ ਚੀਮਾ, ਸਿੱਖ ਰਿਸਰਚ ਬੋਰਡ ਤੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਅੰਤਰਿੰਗ ਕਮੇਟੀ ਮੈਂਬਰ ਦਲਜੀਤ ਸਿੰਘ ਭਿੰਡਰ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਡਾਇਰੈਕਟਰ ਤੇ ਸਕੱਤਰ ਸਿੱਖਿਆ ਸ. ਸੁਖਮਿੰਦਰ ਸਿੰਘ ਵੱਲੋ ਕਾਲਜ ਦੀ ਇਸ ਪ੍ਰਾਪਤੀ ਤੇ ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ, ਕਾਲਜ ਦੇ ਸਮੂਹ ਸਟਾਫ ਤੇ ਵਿਦਿਆਰਥੀਆਂ ਨੂੰ ਮੁਬਾਰਕਾਂ ਦਿੱਤੀਆਂ ਗਈਆਂ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਯੋਗ ਪ੍ਰਬੰਧ ਅਧੀਨ ਕਾਲਜ ਦੇ ਵਿਦਿਆਰਥੀਆਂ ਵੱਲੋਂ ਵੱਖ-ਵੱਖ ਖੇਤਰਾਂ ਵਿੱਚ ਵੱਡੀਆਂ ਮੱਲਾਂ ਮਾਰੀਆਂ ਜਾ ਰਹੀਆਂ ਹਨ। ਉਹਨਾਂ ਵਿਦਿਆਰਥੀਆਂ ਦੀ ਇਸ ਪ੍ਰਾਪਤੀ ਤੇ ਕਾਲਜ ਸਟਾਫ ਤੇ ਵਿਦਿਆਰਥੀਆਂ ਨੂੰ ਮੁਬਾਰਕਾਂ ਦਿੱਤੀਆਂ।